# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ ਪੰਜਾਬੀ

**13:10**

**ਮਿਤੀ : 15-10-2026**

ਮਾਨਸਾ ਵਿੱਚ ਬੀਤੇ ਮੰਗਲਵਾਰ  ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿਘ ਝੋਟਾ ਦੇ ਦਿਨ-ਦਿਹਾੜੇ ਹੋਏ ਕਤਲ ਅਤੇ ਸੂਬੇ ਵਿੱਚ ਫੈਲੇ ਨਸ਼ਿਆਂ ਦੇ ਖਤਰੇ ਦੇ ਵਿਰੋਧ ਵਿੱਚ ਦਿੱਤੇ ਗਏ ਬੰਦ ਦੇ ਸੱਦੇ ਨੂੰ ਮਿਲਿਆ-ਜੁਲਿਆ ਹੁੰਗਾਰਾ ਮਿਲ ਰਿਹਾ ਏ। ਸੂਬੇ ਦੇ ਕਈ ਹਿੱਸਿਆਂ ਵਿੱਚ ਬਾਜ਼ਾਰ ਬੰਦ ਨੇ। ਕੁਝ ਹਿੱਸਿਆਂ ਵਿੱਚ ਮੁੱਖ ਅਤੇ ਅੰਦਰਲੀਆਂ ਸੜਕਾਂ ਨੂੰ ਜਾਮ ਕਰ ਦਿੱਤਾ ਗਿਆ ਏ। ਨਸ਼ਿਆਂ ਦੇ ਖਤਰੇ ਨੂੰ ਰੋਕਣ ਅਤੇ ਸੂਬੇ ਵਿੱਚ ਮੌਜੂਦਾ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਕੰਟਰੋਲ ਕਰਨ ਵਿੱਚ ਅਸਫਲ ਰਹਿਣ ਲਈ, ਸੂਬਾ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਜਾ ਰਹੀ ਏ। ਪੁਲਿਸ ਨੇ ਸ਼ਾਂਤੀ ਬਣਾਈ ਰੱਖਣ ਲਈ ਪ੍ਰਬੰਧ ਕੀਤੇ ਨੇ। ਵੇਰਵੇ ਨਾਲ ਇਕ ਰਿਪੋਰਟ :RNU151026

*ਕਈ ਕਿਸਾਨ ਜਥੇਬੰਦੀਆਂ , ਰਾਜਨੀਤਿਕ ਪਾਰਟੀਆਂ ਅਤੇ ਵਪਾਰੀ ਸੰਗਠਨਾਂ ਨੇ ਬੰਦ ਦੇ ਸੱਦੇ ਦਾ ਸਮਰਥਨ ਕੀਤਾ ਏ ਜੋ ਕਿ ਮਾਰੇ ਗਏ ਕਾਰਕੁਨ, ਸਾਬਕਾ ਸੈਨਿਕ ਭੀਮ ਸਿੰਘ ਦੇ ਪਿਤਾ ਦੀ ਅਪੀਲ 'ਤੇ ਕੀਤਾ ਗਿਆ ਸੀ। ਉਨ੍ਹਾਂ ਨੇ ਲੋਕਾਂ ਨੂੰ ਕੱਲ੍ਹ ਬਾਹਰ ਆਕੇ ਬੰਦ ਦੀ ਸਫਲਤਾ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ। ਮਾਮਲੇ ਵਿੱਚ ਇਨਸਾਫ਼ ਮੰਗਣ ਲਈ ਬਣਾਈ ਗਈ ਐਕਸ਼ਨ ਕਮੇਟੀ ਨੇ ਲੋਕਾਂ ਨੂੰ ਬੰਦ ਦੌਰਾਨ ਸ਼ਾਂਤੀ ਬਣਾਈ ਰੱਖਣ ਅਤੇ ਸ਼ਾਂਤ ਰਹਿਣ ਦੀ ਅਪੀਲ ਕੀਤੀ ਏ । ਹਾਲਾਂਕਿ, ਪ੍ਰਦਰਸ਼ਨਕਾਰੀ, ਐਂਬੂਲੈਂਸਾਂ ਅਤੇ ਹੋਰ ਐਮਰਜੈਂਸੀ ਵਾਹਨਾਂ ਨੂੰ ਲੰਘਣ ਦੇ ਰਹੇ ਨੇ ਅਤੇ ਹੁਣ ਤੱਕ ਕਿਤੇ ਵੀ ਕਿਸੇ ਅਣਸੁਖਾਵੀਂ ਘਟਨਾ ਦੀ ਕੋਈ ਖ਼ਬਰ ਨਹੀਂ ਏ । ਬੰਦ ਦਾ ਸੱਦਾ ਸਵੇਰੇ 6 ਵਜੇ ਤੋਂ ਸ਼ਾਮ 5 ਵਜੇ ਤੱਕ ਦਿੱਤਾ ਗਿਆ ਏ ।ਇਸ ਦੌਰਾਨ, ਪਰਵਿੰਦਰ ਸਿੰਘ ਦੇ ਪਰਿਵਾਰ ਨੇ ਅਧਿਕਾਰੀਆਂ ਨੂੰ ਉਸਦਾ ਪੋਸਟਮਾਰਟਮ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਏ ਕਿਉਂਕਿ ਉਹ ਪੀ.ਜੀ.ਆਈ ਤੋਂ ਡਾਕਟਰਾਂ ਦਾ ਇੱਕ ਪੈਨਲ ਬਣਾਉਣ ਦੀ ਮੰਗ ਕਰ ਰਹੇ ਨੇ ਜੋ ਇਹ ਪੋਸਟਮਾਰਟਮ ਕਰਵਾਏਗਾ।*

------------------------------------------------------------------

ਓਧਰ ਪਰਵਿੰਦਰ ਸਿੰਘ ਕਤਲ ਮਾਮਲੇ 'ਚ ਮਾਨਸਾ ਦੇ ਥਾਣਾ ਸਿਟੀ-2

ਦੀ ਮਹਿਲਾ SHO ਬੇਅੰਤ ਕੌਰ ਨੂੰ ਮੁਅੱਤਲ ਕਰ ਦਿੱਤਾ ਗਿਆ ਏ ।

-----------------------------------------------------------------

ਸਰਕਾਰ ਨੇ ਖੰਡ ਡੀਲਰਾਂ ਲਈ ਭੰਡਾਰ ਰਖਣ ਦੀ ਮਿਆਦ ਘਟਾ ਕੇ 15 ਦਿਨ ਕਰ ਦਿੱਤੀ ਏ ਅਤੇ ਭੰਡਾਰ ਹੱਦ ਇੱਕ ਹਜ਼ਾਰ ਕੁਇੰਟਲ ਤੈਅ ਕੀਤੀ ਏ, ਜੋ ਅੱਜ ਤੋਂ ਲਾਗੂ ਹੋਵੇਗੀ। ਇਹ, ਇਸ ਸਾਲ ਨਵੰਬਰ ਤੱਕ ਲਾਗੂ ਰਹੇਗੀ। ਖਪਤਕਾਰ ਮਾਮਲਿਆਂ ਬਾਰੇ ਮੰਤਰਾਲੇ ਨੇ ਕਿਹਾ ਕਿ ਸਰਕਾਰ ਨੇ ਤਿਉਹਾਰਾਂ ਦੇ ਸੀਜ਼ਨ ਦੌਰਾਨ ਜਮ੍ਹਾਂਖੋਰੀ ਨੂੰ ਰੋਕਣ ਅਤੇ ਖਪਤਕਾਰਾਂ ਨੂੰ ਸੁਚਾਰੂ ਸਪਲਾਈ ਯਕੀਨੀ ਬਣਾਉਣ ਲਈ ਖੰਡ ਭੰਡਾਰ ਰਖਣ ਦੇ ਨੇਮਾਂ ਨੂੰ ਸੋਧਿਆ ਏ । ਮੰਤਰਾਲੇ ਨੇ ਕਿਹਾ ਕਿ ਔਸਤ ਪ੍ਰਚੂਨ ਖੰਡ ਦੀਆਂ ਕੀਮਤਾਂ ਅਗਸਤ ਦੇ ਸਿਖਰ ਤੋਂ 15 ਫੀਸਦੀ ਘਟੀਆਂ ਨੇ ਅਤੇ ਹੋਰ ਘਟਣ ਦੀ ਉਮੀਦ ਏ ।

-----------------------------------------------------------------

ਅੱਜ ਸਵੇਰੇ ਪਠਾਨਕੋਟ, ਗੁਰਦਾਸਪੁਰ, ਮੁਕਤਸਰ ਅਤੇ ਮਾਨਸਾ ਸਮੇਤ ਹੋਰਨਾਂ ਕਈ ਜ਼ਿਲਿਆਂ ਵਿੱਚ ਤੇਜ਼ ਮੀਂਹ ਪਿਆ । ਮੀਂਹ ਕਾਰਨ ਨੀਵੇਂ ਇਲਾਕਿਆਂ ਵਿਚ ਪਾਣੀ ਭਰ ਗਿਆ ਅਤੇ ਨਾਲ ਹੀ ਮੰਡੀਆਂ ਵਿੱਚ ਪਿਆ ਝੋਨਾ ਭਿੱਜ ਗਿਆ ਏ । ਓਧਰ ਜਿਲਾ ਸ੍ਰੀ

ਮੁਕਤਸਰ ਸਾਹਿਬ ਤੋਂ ਸਾਡੇ ਪੱਤਰਕਾਰ ਨੇ ਦਸਿਆ ਕਿ ਜ਼ਿਲੇ ਦੇ ਪਿੰਡ ਸਰਾਏ ਨਾਗਾ ਵਿਖੇ ਤੇਜ਼ ਹਨੇਰੀ ਅਤੇ ਝੱਖੜ ਕਾਰਨ ਕਈ ਘਰਾਂ ਦੀਆਂ ਛੱਤਾਂ ਉੱਡ ਗਈਆਂ। ਕਿਸਾਨ ਸਵਰਨ ਸਿੰਘ ਨੇ ਦੱਸਿਆ ਕਿ ਪੱਕੀ ਹੋਈ ਫਸਲ 'ਤੇ ਗੜੇਮਾਰੀ ਹੋਣ ਕਰਕੇ 90 ਫੀਸਦੀ ਵਾਢੀਯੋਗ ਫਸਲ ਪੂਰੀ ਤਰਾਂ ਤਬਾਹ ਹੋ ਗਈ ਏ। ਪੀੜਤ ਕਿਸਾਨਾਂ ਨੇ ਜਿਲਾ ਪ੍ਰਸ਼ਾਸਨ ਤੋਂ ਮੁਆਵਜੇ ਦੀ ਮੰਗ ਕੀਤੀ ਏ। ਇਸੇ ਦੌਰਾਨ ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਤੇ ਚੰਡੀਗੜ੍ਹ ਲਈ ORANGE ALERT ਜਾਰੀ ਕੀਤਾ ਏ। ਵਿਭਾਗ ਨੇ ਪੰਜਾਬ, ਹਰਿਆਣਾ, ਚੰਡੀਗੜ੍ਹ, ਅਤੇ ਰਾਜਸਥਾਨ ਵਿੱਚ ਅੱਜ ਗੜੇਮਾਰੀ ਦੇ ਨਾਲ ਹਨੇਰੀ ਝਖੜ ਆਉਣ ਦੀ ਸੰਭਾਵਨਾ ਵੀ ਜਤਾਈ ਏ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਮਾਹਿਰ ਡਾ. ਜਤਿੰਦਰ ਕੌਰ ਨੇ ਕਿਸਾਨਾਂ ਨੂੰ ਖੇਤੀਬਾੜੀ ਦੇ ਕੰਮ ਮੌਸਮ ਦੀ ਸਥਿਤੀ ਨੂੰ ਧਿਆਨ ਵਿੱਚ ਰੱਖ ਕੇ ਕਰਨ ਅਤੇ ਫ਼ਸਲਾਂ ਦੇ ਨੁਕਸਾਨ ਤੋਂ ਬਚਾਅ ਲਈ ਲੋੜੀਂਦੇ ਅਗਾਊਂ ਪ੍ਰਬੰਧ ਕਰਨ ਦੀ ਸਲਾਹ ਦਿੱਤੀ ਏ । ਮੁੱਖ ਖੇਤੀਬਾੜੀ ਅਫ਼ਸਰ ਡਾ ਹਰਜਿੰਦਰ ਸਿੰਘ ਨੇ ਮੀਂਹ ਦੀ ਸੰਭਾਵਨਾ ਨੂੰ ਧਿਆਨ ਵਿੱਚ ਰੱਖਦੇ ਹੋਏ ਖੇਤਾਂ ਵਿੱਚ ਸਿੰਚਾਈ ਕਰਨ ਤੋਂ ਗੁਰੇਜ਼

ਕਰਨ ਦੀ ਸਲਾਹ ਦਿੱਤੀ ਏ ।

---------------------------------------------------------------

ਮੋਹਾਲੀ ਪੁਲਿਸ ਨੇ ਗੈਰ-ਕਾਨੂੰਨੀ ਹਥਿਆਰ ਸਪਲਾਈ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਤਿੰਨ ਮੁਲਜ਼ਮਾਂ ਨੂੰ 10 ਪਿਸਤੌਲਾਂ ਅਤੇ ਅਸਲੇ ਸਮੇਤ ਗ੍ਰਿਫ਼ਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਕਾਬੂ ਕੀਤੇ ਮੁਲਜ਼ਮਾਂ ਵਿੱਚ ਇੱਕ ਹਰਿਆਣਾ-ਅਧਾਰਤ ਹਥਿਆਰ ਸਪਲਾਇਰ ਵੀ ਸ਼ਾਮਲ ਏ । ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਮੁਲਜ਼ਮ ਕਥਿਤ ਤੌਰ 'ਤੇ ਦੂਰ-ਦੁਰਾਡੇ ਇਲਾਕਿਆਂ ਤੋਂ ਦੇਸੀ ਹਥਿਆਰਾਂ ਦੀ ਤਸਕਰੀ ਕਰ ਰਹੇ ਸਨ ਅਤੇ ਕਾਫ਼ੀ ਮੁਨਾਫ਼ੇ ਲਈ ਕਾਲਜ ਜਾਣ ਵਾਲੇ ਨੌਜਵਾਨਾਂ ਨੂੰ ਵੇਚ ਰਹੇ ਸਨ। ਮੁਲਜ਼ਮਾਂ ਖਿਲਾਫ ਪਹਿਲਾਂ ਵੀ ਕਈ ਅਪਰਾਧਿਕ ਮਾਮਲੇ ਦਰਜ ਨੇ । ਪੁਲਿਸ ਵਲੋਂ FIR ਦਰਜ ਕਰਕੇ ਅਗਲੇਰੀ ਜਾਂਚ ਜਾਰੀ ਏ ।

---------------------------------------------------------------

ਪੰਜਾਬ ਰਾਜ ਖੁਰਾਕ ਕਮਿਸ਼ਨ ਨੇ ਸੂਬੇ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ ਮਿਡ-ਡੇ-ਮੀਲ ਯੋਜਨਾ ਨੂੰ ਸੁਚਾਰੂ ਢੰਗ ਨਾਲ ਚਲਾਉਣ 'ਤੇ ਜ਼ੋਰ ਦਿੰਦਿਆਂ, ਰਸੋਈਆਂ ਦੀ ਸਾਫ਼-ਸਫਾਈ, ਸੈਨੀਟੇਸ਼ਨ

ਸਬੰਧੀ ਢੁੱਕਵੀਆਂ ਸਹੂਲਤਾਂ ਅਤੇ ਸਾਫ਼-ਸੁਥਰੇ ਪਖਾਨਿਆਂ 'ਤੇ ਵੀ ਵਿਸ਼ੇਸ਼ ਧਿਆਨ ਦੇਣ ਲਈ ਕਿਹਾ ਏ । ਕੱਲ ਚੰਡੀਗੜ੍ਹ ਚ ਹੋਈ ਇੱਕ ਮੀਟਿੰਗ ਦੌਰਾਨ, ਕਮਿਸ਼ਨ ਦੇ ਕਾਰਜਕਾਰੀ ਚੇਅਰਮੈਨ ਵਿਜੇ ਦੱਤ ਨੇ ਕਿਹਾ ਕਿ ਅਜਿਹੀ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ । ਚੇਅਰਮੈਨ ਨੇ ਕਿਹਾ ਕਿ ਮਿਡ-ਡੇਅ ਮੀਲ ਦੀ ਤਿਆਰੀ ਵਿੱਚ ਲੱਗੇ ਰਸੋਈਏ ਸਾਫ਼-ਸਫ਼ਾਈ ਦਾ ਪੂਰਾ ਧਿਆਨ ਰੱਖਣ। ਉਨ੍ਹਾਂ ਨੇ ਸਕੂਲਾਂ ਵਿੱਚ ਜਿੱਥੇ ਵੀ ਥਾਂ ਉਪਲਬਧ ਹੋਵੇ, ਉੱਥੇ ਕਿਚਨ ਗਾਰਡਨ ਸਥਾਪਤ ਕਰਨ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ। ਚੇਅਰਮੈਨ ਨੇ ਕਿਹਾ ਕਿ ਇਨ੍ਹਾਂ ਕੇਂਦਰਾਂ ਨੂੰ ਰਾਸ਼ਨ ਦੀ ਨਿਰੰਤਰ ਸਪਲਾਈ ਯਕੀਨੀ ਬਣਾਉਣ ਵਿੱਚ ਕੋਈ ਢਿੱਲ ਨਹੀਂ ਵਰਤੀ ਜਾਣੀ ਚਾਹੀਦੀ।

------------------------------------------------------------------------

ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ‘ਸਾਡੇ ਬਜੁਰਗ ਸਾਡਾ ਮਾਣ’ ਵਿਸ਼ੇ ’ਤੇ ਰੈਡ ਕਰਾਸ ਭਵਨ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਕਰਵਾਇਆ ਗਿਆ। ਕੈਬਿਨੇਟ ਮੰਤਰੀ ਮੋਹਿੰਦਰ ਭਗਤ ਨੇ ਸਰਕਾਰ ਦੀ ਸੂਬਾ ਭਰ ਦੇ ਬਜ਼ੁਰਗਾਂ ਦੀ ਭਲਾਈ, ਸਿਹਤ ਸੰਭਾਲ ਅਤੇ ਮਾਣ-ਸਨਮਾਨ ਦੀ ਰਾਖੀ ਦੀ ਵਚਨਬੱਧਤਾ ਨੂੰ ਦੁਹਰਾਇਆ ਗਿਆ।

ਸ੍ਰੀ ਭਗਤ ਨੇ ਦੱਸਿਆ ਕਿ ਇਹ ਸਮਾਗਮ ਬਜ਼ੁਰਗਾਂ ਅਤੇ ਭਲਾਈ ਸਕੀਮਾਂ ਵਿਚਲੀ ਦੂਰੀ ਨੂੰ ਖ਼ਤਮ ਕਰਨ ਲਈ ਕਰਵਾਇਆ ਜਾ ਰਿਹਾ ਹੈ ਤਾਂ ਜੋ ਬਜ਼ੁਰਗ ਬਿਨਾਂ ਕਿਸੇ ਰੁਕਾਵਟ ਦੇ ਵੱਖ-ਵੱਖ ਸਕੀਮਾਂ ਦਾ ਲਾਭ ਹਾਸਿਲ ਕਰ ਸਕਣ।

---------------------------------------------------------------------

ਕ੍ਰਿਕੇਟ ਵਿੱਚ, ਬੀਤੀ ਰਾਤ ਹੈਦਰਾਬਾਦ ਵਿਖੇ ਖੇਡੇ ਗਏ ਚੌਥੇ TWENTY - 20 ਅੰਤਰਰਾਸ਼ਟਰੀ ਕ੍ਰਿਕੇਟ ਮੈਚ ਵਿੱਚ ਵੈਸਟ ਇੰਡੀਜ਼ ਨੇ ਭਾਰਤ ਨੂੰ 24 ਦੌੜਾਂ ਨਾਲ ਹਰਾਇਆ। ਪਹਿਲਾਂ ਬੱਲੇਬਾਜ਼ੀ ਕਰਦੇ ਹੋਏ, ਵੈਸਟ ਇੰਡੀਜ਼ ਨੇ ਆਪਣੇ ਨਿਰਧਾਰਤ 20 ਓਵਰਾਂ ਵਿੱਚ ਤਿੰਨ ਵਿਕਟਾਂ ਦੇ ਨੁਕਸਾਨ 'ਤੇ 247 ਦੌੜਾਂ ਬਣਾਈਆਂ। ਟੀਚੇ ਦਾ ਪਿੱਛਾ ਕਰਦੇ ਹੋਏ, ਭਾਰਤ 19 ਓਵਰਾਂ ਅਤੇ ਤਿੰਨ ਗੇਂਦਾਂ ਵਿੱਚ ਨੌਂ ਵਿਕਟਾਂ 'ਤੇ ਸਿਰਫ਼ 223 ਦੌੜਾਂ ਹੀ ਬਣਾ ਸਕਿਆ। ਪੰਜ ਮੈਚਾਂ ਦੀ ਲੜੀ ਹੁਣ 2-2 ਨਾਲ ਬਰਾਬਰ ਏ । ਇਸ ਲੜੀ ਦਾ ਆਖਰੀ ਮੈਚ 17 ਤਰੀਕ ਨੂੰ ਬੰਗਲੁਰੂ ਦੇ ਐਮ. ਚਿੰਨਾਸਵਾਮੀ ਸਟੇਡੀਅਮ ਵਿੱਚ ਖੇਡਿਆ ਜਾਵੇਗਾ।